ਭੈਰਉ ਮਹਲਾ ੧ ॥ ਭੂੰਡੀ ਚਾਲ ਚਰਣ ਕਰ ਖਿਸਰੇ ਤੁਚਾ ਦੇਹ ਕੁਮਲਾਨੀ ॥ ਨੇਤ੍ਰੀ ਧੁੰਧਿ ਕਰਨ ਭਏ ਬਹਰੇ ਮਨਮੁਖਿ ਨਾਮੁ ਨ ਜਾਨੀ ॥੧॥ ਅੰਧੁਲੇ ਕਿਆ ਪਾਇਆ ਜਗਿ ਆਇ ॥ ਰਾਮੁ ਰਿਦੈ ਨਹੀ ਗੁਰ ਕੀ ਸੇਵਾ ਚਾਲੇ ਮੂਲੁ ਗਵਾਇ ॥੧॥ ਰਹਾਉ ॥ ਜਿਹਵਾ ਰੰਗਿ ਨਹੀ ਹਰਿ ਰਾਤੀ ਜਬ ਬੋਲੈ ਤਬ ਫੀਕੇ ॥ ਸੰਤ ਜਨਾ ਕੀ ਨਿੰਦਾ ਵਿਆਪਸਿ ਪਸੂ ਭਏ ਕਦੇ ਹੋਹਿ ਨ ਨੀਕੇ ॥ ੨॥ ਅੰਮ੍ਰਿਤ ਕਾ ਰਸੁ ਵਿਰਲੀ ਪਾਇਆ ਸਤਿਗੁਰ ਮੇਲਿ ਮਿਲਾਏ ॥ ਜਬ ਲਗੁ ਸਬਦ ਭੇਦੁ ਨਹੀ ਆਇਆ ਤਬ ਲਗੁ ਕਾਲੁ ਸੰਤਾਏ ॥੩॥ ਅਨ ਕੋ ਦਰੁ ਘਰੁ ਕਬਹੂ ਨ ਜਾਨਸਿ ਏਕੋ ਦਰੁ ਸਚਿਆਰਾ ॥ ਗੁਰ ਪਰਸਾਦਿ ਪਰਮ ਪਦੁ ਪਾਇਆ ਨਾਨਕੁ ਕਹੈ ਵਿਚਾਰਾ ॥੪॥੩॥੪॥ {ਪੰਨਾ 1126}

ਪਦਅਰਥ:- ਭੂੰਡੀ—ਕੋਝੀ, ਬੇ-ਢਬੀ, ਭੱਦੀ। ਕਰ—ਹੱਥ। ਖਿਸਰੇ—ਢਿੱਲੇ ਹੋ ਗਏ। ਤੁਚਾ—ਚਮੜੀ। ਦੇਹ—ਸਰੀਰ (ਦੀ)। ਨੇਤ੍ਰੀ—ਅੱਖਾਂ ਵਿਚ। ਕਰਨ—ਕੰਨ। ਬਹਰੇ—ਬੋਲੇ। ਮਨਮੁਖਿ—ਮਨ ਦੇ ਪਿੱਛੇ ਤੁਰਨ ਵਾਲਾ ਬੰਦਾ।1।

ਜਗਿ—ਜਗਤ ਵਿਚ। ਆਇ—ਆ ਕੇ, ਜਨਮ ਲੈ ਕੇ। ਰਿਦੈ—ਹਿਰਦੇ ਵਿਚ। ਮੂਲੁ—ਰਾਸਿ-ਪੂੰਜੀ।1। ਰਹਾਉ।

ਰੰਗਿ—ਰੰਗ ਵਿਚ, ਪ੍ਰੇਮ ਵਿਚ। ਰਾਤੀ—ਰੱਤੀ, ਰੰਗੀ। ਫੀਕੇ—ਖਰ੍ਹਵੇ। ਵਿਆਪਸਿ—ਰੁੱਝਾ ਰਹਿੰਦਾ ਹੈ। ਨੀਕੇ—ਚੰਗੇ।2।

ਸਤਿਗੁਰ ਮੇਲਿ—ਗੁਰੂ ਦੀ ਸੰਗਤਿ ਵਿਚ। ਸਬਦ ਭੇਦੁ—ਸ਼ਬਦ ਦਾ ਭੇਦ, ਸ਼ਬਦ ਦਾ ਰਸ। ਕਾਲੁ—ਮੌਤ (ਦਾ ਡਰ)।3।

ਅਨ ਕੋ—(ਪ੍ਰਭੂ ਤੋਂ ਬਿਨਾ) ਕਿਸੇ ਹੋਰ ਦਾ। ਸਚਿਆਰਾ—ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦਾ। ਪਰਸਾਦਿ—ਕਿਰਪਾ ਨਾਲ। ਪਰਮ ਪਦੁ—ਸਭ ਤੋਂ ਉੱਚਾ ਆਤਮਕ ਦਰਜਾ। ਵਿਚਾਰਾ—ਵਿਚਾਰ ਦੀ ਗੱਲ।4।

ਅਰਥ:- ਹੇ (ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਜੀਵ! ਤੂੰ ਜਗਤ ਵਿਚ ਜਨਮ ਲੈ ਕੇ (ਆਤਮਕ ਜੀਵਨ ਦੇ ਅਸਲੀ ਲਾਭ ਵਜੋਂ) ਕੁਝ ਭੀ ਨਾਹ ਖੱਟਿਆ, ਸਗੋਂ ਤੂੰ ਮੂਲ ਭੀ ਗਵਾ ਲਿਆ (ਜੇਹੜਾ ਪਹਿਲਾਂ ਕੋਈ ਆਤਮਕ ਜੀਵਨ ਸੀ ਉਹ ਭੀ ਨਾਸ ਕਰ ਲਿਆ, ਕਿਉਂਕਿ) ਤੂੰ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਨਹੀਂ ਵਸਾਇਆ, ਤੇ ਤੂੰ ਗੁਰੂ ਦੀ ਦੱਸੀ ਕਾਰ ਨਹੀਂ ਕੀਤੀ।1। ਰਹਾਉ।

(ਹੇ ਅੰਨ੍ਹੇ ਜੀਵ! ਹੁਣ ਬੁਢੇਪੇ ਵਿਚ) ਤੇਰੀ ਤੋਰ ਬੇ-ਢਬੀ ਹੋ ਚੁਕੀ ਹੈ, ਤੇਰੇ ਪੈਰ ਹੱਥ ਢਿਲਕ ਪਏ ਹਨ, ਤੇਰੇ ਸਰੀਰ ਦੀ ਚਮੜੀ ਉਤੇ ਝੁਰੜੀਆਂ ਪੈ ਰਹੀਆਂ ਹਨ, ਤੇਰੀਆਂ ਅੱਖਾਂ ਅੱਗੇ ਹਨੇਰਾ ਹੋਣ ਲੱਗ ਪਿਆ ਹੈ, ਤੇਰੇ ਕੰਨ ਬੋਲੇ ਹੋ ਚੁਕੇ ਹਨ, ਪਰ ਅਜੇ ਭੀ ਆਪਣੇ ਮਨ ਦੇ ਪਿੱਛੇ ਤੁਰ ਕੇ ਤੂੰ ਪਰਮਾਤਮਾ ਦੇ ਨਾਮ ਨਾਲ ਸਾਂਝ ਨਹੀਂ ਪਾਈ।1।

(ਹੇ ਅੰਨ੍ਹੇ ਜੀਵ!) ਤੇਰੀ ਜੀਭ ਪ੍ਰਭੂ ਦੀ ਯਾਦ ਦੇ ਪਿਆਰ ਵਿਚ ਨਹੀਂ ਭਿੱਜੀ, ਜਦੋਂ ਭੀ ਬੋਲਦੀ ਹੈ ਫਿੱਕੇ ਬੋਲ ਹੀ ਬੋਲਦੀ ਹੈ। ਤੂੰ ਸਦਾ ਭਲੇ ਬੰਦਿਆਂ ਦੀ ਨਿੰਦਿਆ ਵਿਚ ਰੁੱਝਾ ਰਹਿੰਦਾ ਹੈਂ, ਤੇਰੇ ਸਾਰੇ ਕੰਮ ਪਸ਼ੂਆਂ ਵਾਲੇ ਹੋਏ ਪਏ ਹਨ, (ਇਸੇ ਤਰ੍ਹਾਂ ਰਿਹਾਂ) ਇਹ ਕਦੇ ਭੀ ਚੰਗੇ ਨਹੀਂ ਹੋ ਸਕਣਗੇ।2।

(ਪਰ ਜੀਵਾਂ ਦੇ ਭੀ ਕੀਹ ਵੱਸ?) ਆਤਮਕ ਜੀਵਨ ਦੇਣ ਵਾਲੇ ਸ੍ਰੇਸ਼ਟ ਨਾਮ ਦੇ ਜਾਪ ਦਾ ਸੁਆਦ ਉਹਨਾਂ ਵਿਰਲਿਆਂ ਬੰਦਿਆਂ ਨੂੰ ਆਉਂਦਾ ਹੈ ਜਿਨ੍ਹਾਂ ਨੂੰ (ਪਰਮਾਤਮਾ ਆਪ) ਸਤਿਗੁਰੂ ਦੀ ਸੰਗਤਿ ਵਿਚ ਮਿਲਾਂਦਾ ਹੈ। ਮਨੁੱਖ ਨੂੰ ਜਦੋਂ ਤਕ ਸਿਫ਼ਤਿ-ਸਾਲਾਹ ਦਾ ਰਸ ਨਹੀਂ ਆਉਂਦਾ ਤਦੋਂ ਤਕ (ਇਹ ਅਜੇਹੇ ਕੰਮ ਕਰਦਾ ਰਹਿੰਦਾ ਹੈ ਜਿਨ੍ਹਾਂ ਕਰ ਕੇ) ਇਸ ਨੂੰ ਮੌਤ ਦਾ ਡਰ ਦੁਖੀ ਕਰਦਾ ਰਹਿੰਦਾ ਹੈ।3।

ਨਾਨਕ ਇਹ ਵਿਚਾਰ ਦੀ ਗੱਲ ਆਖਦਾ ਹੈ ਕਿ ਗੁਰੂ ਦੀ ਕਿਰਪਾ ਨਾਲ ਜੋ ਮਨੁੱਖ ਸਦਾ-ਥਿਰ ਰਹਿਣ ਵਾਲੇ

ਪਰਮਾਤਮਾ ਦਾ ਦਰ ਹੀ ਮੱਲੀ ਰੱਖਦਾ ਹੈ ਤੇ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਦਾ ਦਰਵਾਜ਼ਾ ਕਿਸੇ ਹੋਰ ਦਾ ਘਰ ਨਹੀਂ ਭਾਲਦਾ ਉਹ ਸਭ ਤੋਂ ਉੱਚਾ ਆਤਮਕ ਦਰਜਾ ਪ੍ਰਾਪਤ ਕਰ ਲੈਂਦਾ ਹੈ।4।3।4।